**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ : 07-08-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਕਿਸਾਨਾਂ ਦੀ ਭਲਾਈ, ਉਨ੍ਹਾਂ ਦੀ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਏ ਉਨ੍ਹਾਂ ਕਿਸਾਨਾਂ ਦੀ ਆਮਦਨ ਵਧਾਉਣ ਦੇ ਆਪਣੇ ਸੰਕਲਪ ਨੂੰ ਦੁਹਰਾਇਆ।

- ਦੇਸ਼ ਅੱਜ ਭਾਰਤ ਦੀ ਅਮੀਰ ਹੱਥਖੱਡੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਲਈ 11ਵਾਂ ਰਾਸ਼ਟਰੀ ਹੱਥਖੱਡੀ ਦਿਵਸ ਮਨਾ ਰਿਹਾ ਏ ।

- ਪੰਜਾਬ ਨੂੰ ਹਾਲ ਹੀ ਵਿੱਚ ਨਵੀਂ ਦਿੱਲੀ ਵਿਖੇ 'ਅੰਗ ਦਾਨ ਅਤੇ ਟ੍ਰਾਂਸਪਲਾਂਟੇਸ਼ਨ ਵਿੱਚ ਉੱਭਰਦੇ ਸੂਬੇ ' ਵਜੋਂ ਕੀਤਾ ਗਿਆ ਸਨਮਾਨਿਤ ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵਲੋਂ ਵਿਦਿਆਰਥੀਆਂ ਨੂੰ ਸਫ਼ਾਈ ਦੇ ਦੂਤ ਬਣਨ ਦਾ ਸੱਦਾ ।

- ਪੰਜਾਬ ਸਰਕਾਰ ਨੇ ਇੱਕ ਸਾਲ ਦੌਰਾਨ ਚੰਗੇ ਆਚਰਨ ਵਾਲੇ 108 ਕੈਦੀਆਂ ਨੂੰ ਅਗਾਊਂ ਰਿਹਾਈ ਦਿੱਤੀ।

- ਪੰਜਾਬ ਪੁਲਿਸ ਨੂੰ ਅੱਜ ਸੂਬੇ ਦੇ ਸਰਹੱਦੀ ਜ਼ਿਲਿਆਂ ਤਰਨਤਾਰਨ ਅਤੇ ਅੰਮ੍ਰਿਤਸਰ ਵਿਚ ਦੋ ਵੱਡੀਆਂ ਕਾਰਵਾਈਆਂ ਵਿਚ ਮਿਲੀ ਸਫਲਤਾ ।

**ਹੁਣ ਖਬਰਾਂ ਵਿਸਥਾਰ ਨਾਲ.....**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਆਪਣੇ ਕਿਸਾਨਾਂ ਦੇ ਹਿੱਤਾਂ ਨਾਲ ਕਦੇ ਵੀ ਸਮਝੌਤਾ ਨਹੀਂ ਕਰੇਗਾ। ਨਵੀਂ ਦਿੱਲੀ ਵਿੱਚ ਐਮ.ਐਸ. ਸਵਾਮੀਨਾਥਨ ਸ਼ਤਾਬਦੀ ਅੰਤਰ-ਰਾਸ਼ਟਰੀ ਕਾਨਫਰੰਸ ਨੂੰ

ਸੰਬੋਧਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਖੇਤੀ 'ਤੇ ਖਰਚ ਘਟਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਏ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੰਨਣਾ ਏ ਕਿ ਦੇਸ਼ ਦੀ ਤਰੱਕੀ ਦਾ ਆਧਾਰ ਕਿਸਾਨਾਂ ਦੀ ਸ਼ਕਤੀ ਏ।

***BYTE***

ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਭਾਰਤ ਦੁੱਧ, ਦਾਲਾਂ ਅਤੇ ਜੂਟ ਦੇ ਉਤਪਾਦਨ ਵਿੱਚ ਦੁਨੀਆ ਵਿੱਚ ਪਹਿਲੇ ਨੰਬਰ 'ਤੇ ਏ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਦੇਸ਼ ਨੇ ਸਭ ਤੋਂ ਵੱਧ ਅਨਾਜ ਪੈਦਾ ਕੀਤਾ। ਸ਼੍ਰੀ ਮੋਦੀ ਨੇ ਕਿਹਾ ਕਿ ਡਾ. ਸਵਾਮੀਨਾਥਨ ਨੇ ਭਾਰਤ ਨੂੰ ਭੋਜਨ ਉਤਪਾਦਨ ਵਿੱਚ ਆਤਮ -ਨਿਰਭਰ ਬਣਾਉਣ ਲਈ ਅੰਦੋਲਨ ਦੀ ਅਗਵਾਈ ਕੀਤੀ ।

---------------------------------------------------------

ਚੋਣ ਕਮਿਸ਼ਨ ਨੇ ਅੱਜ ਉਪ ਰਾਸ਼ਟਰਪਤੀ ਚੋਣ ਲਈ ਨਾਮਜ਼ਦਗੀਆਂ ਦਾਖਲ ਕਰਨ ਵਾਸਤੇ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਏ। ਸਾਡੇ ਪੱਤਰਕਾਰ ਨੇ ਦੱਸਿਆ ਏ ਕਿ ਉਪ ਰਾਸ਼ਟਰਪਤੀ ਦੇ ਅਹੁਦੇ ਲਈ

ਨਾਮਜ਼ਦਗੀਆਂ 21 ਅਗਸਤ ਤੱਕ ਦਾਖਲ ਕੀਤੀਆਂ ਜਾ ਸਕਦੀਆਂ ਨੇ ਅਤੇ ਵੋਟਿੰਗ 9 ਸਤੰਬਰ ਨੂੰ ਹੋਵੇਗੀ।

## *ਇਕ ਰਿਪੋਰਟ*

ਪਿਛਲੇ ਮਹੀਨੇ ਜਗਦੀਪ ਧਨਖੜ ਦੇ ਉਪ ਰਾਸ਼ਟਰਪਤੀ ਦੇ ਅਹੁਦੇ ਤੋਂ ਅਸਤੀਫਾ ਦੇਣ ਤੋਂ ਬਾਅਦ ਇਹ ਚੋਣ ਜ਼ਰੂਰੀ ਹੋ ਗਈ ਏ । ਇਹ ਉਪ ਰਾਸ਼ਟਰਪਤੀ ਦੇ ਅਹੁਦੇ ਲਈ 17ਵੀਂ ਚੋਣ ਹੋਵੇਗੀ । ਉਪ ਰਾਸ਼ਟਰਪਤੀ ਦੀ ਚੋਣ, ਇੱਕ ਚੋਣ ਮੰਡਲ ਵਲੋਂ ਕੀਤੀ ਜਾਂਦੀ ਏ , ਜਿਸ ਵਿੱਚ ਲੋਕ ਸਭਾ ਅਤੇ ਰਾਜ ਸਭਾ ਦੇ ਮੈਂਬਰ ਸ਼ਾਮਲ ਹੁੰਦੇ ਨੇ । ਨੋਟੀਫਿਕੇਸ਼ਨ ਅਨੁਸਾਰ, ਦਿਲਚਸਪੀ ਰੱਖਣ ਵਾਲੇ ਉਮੀਦਵਾਰ ਇਸ ਮਹੀਨੇ ਦੀ 21 ਤਰੀਕ ਤੱਕ ਆਪਣੀਆਂ ਨਾਮਜ਼ਦਗੀਆਂ ਦਾਖਲ ਕਰ ਸਕਦੇ ਨੇ । ਨਾਮਜ਼ਦਗੀ ਪੱਤਰਾਂ ਦੀ ਜਾਂਚ 22 ਅਗਸਤ ਨੂੰ ਕੀਤੀ ਜਾਵੇਗੀ, ਜਦੋਂ ਕਿ ਨਾਮਜ਼ਦਗੀ ਵਾਪਸ ਲੈਣ ਦੀ ਆਖਰੀ ਤਰੀਕ ਇਸ ਮਹੀਨੇ ਦੀ 25 ਅਗਸਤ ਹੋਵੇਗੀ । ਵੋਟਾਂ ਦੀ ਗਿਣਤੀ 9 ਸਤੰਬਰ ਨੂੰ ਕੀਤੀ ਜਾਵੇਗੀ।

---

ਦੇਸ਼ ਅੱਜ ਭਾਰਤ ਦੀ ਅਮੀਰ ਹੱਥਖੱਡੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਲਈ 11ਵਾਂ ਰਾਸ਼ਟਰੀ ਹੱਥਖੱਡੀ  ਦਿਵਸ ਮਨਾ ਰਿਹਾ ਏ । ਇਹ ਦਿਨ 7 ਅਗਸਤ 1905 ਨੂੰ ਸ਼ੁਰੂ ਹੋਏ ਇਤਿਹਾਸਕ ਸਵਦੇਸ਼ੀ ਅੰਦੋਲਨ ਦੀ ਭਾਵਨਾ ਨੂੰ ਅੱਗੇ ਵਧਾਉਣ ਲਈ ਮਨਾਇਆ ਜਾ ਰਿਹਾ ਏ । ਇਸ ਅੰਦੋਲਨ ਨੇ ਮੁੱਖ ਤੌਰ 'ਤੇ ਬ੍ਰਿਟਿਸ਼ ਸ਼ਾਸਨ ਦੇ ਵਿਰੋਧ ਵਜੋਂ ਸਵਦੇਸ਼ੀ ਉਦਯੋਗਾਂ, ਖਾਸ ਕਰਕੇ ਹੱਥਖੱਡੀ ਉਦਯੋਗ ਨੂੰ ਉਤਸ਼ਾਹਿਤ ਕੀਤਾ। ਕੇਂਦਰੀ ਕੱਪੜਾ ਮੰਤਰੀ ਗਿਰੀਰਾਜ ਸਿੰਘ ਨੇ ਅੱਜ ਨਵੀਂ ਦਿੱਲੀ ਵਿੱਚ ਸੰਤ

ਕਬੀਰ ਹੱਥਖੱਡੀ ਪੁਰਸਕਾਰ ਅਤੇ ਰਾਸ਼ਟਰੀ ਹੱਥਖੱਡੀ ਪੁਰਸਕਾਰ-2025 ਪ੍ਰਦਾਨ ਕੀਤੇ। ਪੁਰਸਕਾਰਾਂ ਦਾ ਉਦੇਸ਼ ਬੁਣਕਰਾਂ, ਕਾਮਿਆਂ ਅਤੇ ਨਿਰਮਾਣ ਕੰਪਨੀਆਂ ਦੇ ਯਤਨਾਂ ਨੂੰ ਮਾਨਤਾ ਦੇਣਾ ਏ ਜਿਨ੍ਹਾਂ ਨੇ ਇਸ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਏ । 11ਵੇਂ ਰਾਸ਼ਟਰੀ ਹੱਥਖੱਡੀ ਦਿਵਸ ਦੇ ਮੌਕੇ 'ਤੇ, ਮੰਤਰੀ ਨੇ ਕਿਹਾ ਕਿ ਇਸ ਸਮੇਂ ਪੂਰੀ ਦੁਨੀਆ ਵਿੱਚ ਗੁਣਵੱਤਾ ਵਾਲੇ ਕੱਪੜਿਆਂ ਦੀ ਮੰਗ ਏ ਅਤੇ ਭਾਰਤੀ ਹੱਥਖੱਡੀ ਉਦਯੋਗ ਇਸ ਜ਼ਰੂਰਤ ਨੂੰ ਪੂਰਾ ਕਰ ਰਿਹਾ ਏ ।

***BYTE***

ਗਿਰੀਰਾਜ ਸਿੰਘ ਨੇ ਹੱਥਖੱਡੀ ਉਤਪਾਦਾਂ ਨੂੰ ਵਿਸ਼ਵ ਪੱਧਰ 'ਤੇ ਪ੍ਰਸਿੱਧ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਕੱਪੜਾ ਮੰਤਰਾਲਾ ਦੇਸ਼ ਦੇ ਬੁਣਕਰਾਂ ਦੀ ਸੁਰੱਖਿਆ ਲਈ ਕੰਮ ਕਰ ਰਿਹਾ ਏ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰੀ ਹੱਥਖੱਡੀ ਦਿਵਸ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ । ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਇਹ ਦਿਨ ਭਾਰਤ ਦੀਆਂ ਅਮੀਰ

ਬੁਣਾਈ ਰਿਵਾਇਤਾਂ ਦਾ ਜਸ਼ਨ ਮਨਾਉਣ ਦਾ ਏ ਜੋ ਨਾਗਰਿਕਾਂ ਦੀ ਸਿਰਜਣਾਤਮਕਤਾ ਨੂੰ ਦਰਸਾਉਂਦੀਆਂ ਹਨ। ਪ੍ਰਧਾਨ ਮੰਤਰੀ ਨੇ ਭਾਰਤ ਦੀ ਹੱਥਖੱਡੀ ਵਿਭਿੰਨਤਾ ਅਤੇ ਰੋਜ਼ੀ-ਰੋਟੀ ਅਤੇ ਖੁਸ਼ਹਾਲੀ ਨੂੰ ਉਤਸ਼ਾਹਿਤ ਕਰਨ ਵਿੱਚ ਇਸਦੀ ਭੂਮਿਕਾ 'ਤੇ ਮਾਣ ਪ੍ਰਗਟ ਕੀਤਾ।

--------------------------------------------------

ਏਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ ਲੋਕ ਹਥਖੜ਼ੀ ਨੂੰ ਆਪਣੇ ਰੋਜ਼ਗਾਰ ਦਾ ਮਾਧਿਅਮ ਬਣਾ ਰਹੇ ਨੇ। ਮੋਹਾਲੀ ਜ਼ਿਲੇ ਦੇ ਲੋਕਾਂ ਦਾ ਇਸ ਬਾਰੇ ਆਪਣੇ ਤਜਰਬੇ ਸਾਂਝੇ ਕੀਤੇ।

***BYTE***

--------------------------------------------------

ਕੇਂਦਰੀ ਰੇਲ ਮੰਤਰੀ, ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਭਾਰਤ ਸਰਕਾਰ, ਪੰਜਾਬ ਵਿੱਚ ਰੇਲਵੇ ਪ੍ਰੋਜੈਕਟਾਂ ਨੂੰ ਲਾਗੂ ਕਰਨ ਲਈ ਤਿਆਰ ਏ ਪਰ ਉਨ੍ਹਾਂ ਪ੍ਰੋਜੈਕਟਾਂ ਨੂੰ ਪੂਰਾ ਕਰਨ ਵਿੱਚ ਸਫਲਤਾ ਪੰਜਾਬ ਸਰਕਾਰ ਦੇ ਸਮਰਥਨ 'ਤੇ ਨਿਰਭਰ ਕਰਦੀ ਏ। ਅੰਤਰਰਾਸ਼ਟਰੀ ਸਰਹੱਦ ਨੇੜੇ ਪੂਰੀ ਤਰ੍ਹਾਂ ਪੰਜਾਬ ਵਿੱਚ ਸਥਿਤ ਇੱਕ ਮਹੱਤਵਪੂਰਨ ਪ੍ਰੋਜੈਕਟ 26

ਕਿਲੋਮੀਟਰ ਲੰਬੀ ਫਿਰੋਜ਼ਪੁਰ-ਪੱਟੀ ਨਵੀਂ ਲਾਈਨ ਦਾ ਹਵਾਲਾ ਦਿੰਦੇ ਹੋਏ, ਸ੍ਰੀ ਵੈਸ਼ਨਵ ਨੇ ਕਿਹਾ ਕਿ ਇਸ ਪ੍ਰੋਜੈਕਟ ਲਈ ਜ਼ਮੀਨ ਸੂਬਾ ਸਰਕਾਰ ਵਲੋਂ  ਮੁਫਤ ਸੌਂਪੀ ਜਾਣੀ ਏ , ਜੋ ਕਿ ਅਜੇ ਤੱਕ ਨਹੀਂ ਕੀਤੀ ਗਈ ਏ । ਇਹ ਜ਼ਮੀਨ ਫਿਰੋਜ਼ਪੁਰ ਅਤੇ ਤਰਨਤਾਰਨ ਜ਼ਿਲ੍ਹਿਆਂ ਵਿੱਚ ਪੈਂਦੀ ਏ । ਕੱਲ੍ਹ ਲੋਕ ਸਭਾ ਵਿੱਚ ਇੱਕ ਲਿਖਤੀ ਜਵਾਬ ਵਿੱਚ, ਉਨ੍ਹਾਂ ਕਿਹਾ ਕਿ ਜ਼ਮੀਨ ਦੀ ਘੱਟ ਜਾਂ ਕੋਈ ਪ੍ਰਾਪਤੀ ਨਾ ਹੋਣ ਕਾਰਨ ਪੰਜਾਬ ਵਿੱਚ ਦੇਰੀ ਨਾਲ ਹੋਏ ਕੁਝ ਵੱਡੇ ਪ੍ਰੋਜੈਕਟਾਂ ਵਿੱਚ ਨੰਗਲ ਡੈਮ-ਤਲਵਾੜਾ ਨਵੀਂ ਲਾਈਨ ਅਤੇ ਅਲਾਲ-ਹਿੰਮਤਾਨਾ ਕੋਰਡ ਲਾਈਨ ਸ਼ਾਮਲ ਨੇ  । ਹਾਲਾਂਕਿ, ਪ੍ਰੋਜੈਕਟਾਂ ਲਈ ਬਜਟ ਅਲਾਟਮੈਂਟ ਅਤੇ ਪ੍ਰਵਾਨਗੀਆਂ ਪਹਿਲਾਂ ਹੀ ਕੀਤੀਆਂ ਜਾ ਚੁੱਕੀਆਂ ਨੇ । ਮੰਤਰੀ ਨੇ ਕਿਹਾ ਕਿ ਇਸ ਸਾਲ 1 ਅਪ੍ਰੈਲ ਤੱਕ 9 ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਏ, ਜਿਨ੍ਹਾਂ ਵਿੱਚ  4 ਨਵੀਂ ਲਾਈਨ ਅਤੇ 5 ਡਬਲਿੰਗ ਸ਼ਾਮਲ ਨੇ , ਜਿਨ੍ਹਾਂ ਵਿੱਚੋਂ ਮਾਰਚ  ਤੱਕ ਸਿਰਫ 115 ਕਿਲੋਮੀਟਰ ਲੰਬਾਈ ਹੀ ਚਾਲੂ ਕੀਤੀ ਗਈ ਏ ।

---------------------------------------------------

ਇੱਕ ਇਤਿਹਾਸਕ ਪ੍ਰਾਪਤੀ ਵਿੱਚ, ਪੰਜਾਬ ਨੂੰ ਹਾਲ ਹੀ ਵਿੱਚ ਨਵੀਂ ਦਿੱਲੀ ਵਿੱਚ ਆਯੋਜਿਤ 15ਵੇਂ ਭਾਰਤੀ ਅੰਗ ਦਾਨ ਦਿਵਸ ਦੌਰਾਨ 'ਅੰਗ ਦਾਨ ਅਤੇ ਟ੍ਰਾਂਸਪਲਾਂਟੇਸ਼ਨ ਵਿੱਚ ਉੱਭਰਦੇ ਸੂਬੇ ' ਵਜੋਂ ਸਨਮਾਨਿਤ ਕੀਤਾ ਗਿਆ ਏ । ਇਹ ਪੁਰਸਕਾਰ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇ.ਪੀ. ਨੱਡਾ ਤੋਂ ਮੈਡੀਕਲ ਸਿੱਖਿਆ ਅਤੇ ਖੋਜ ਪੰਜਾਬ ਦੇ ਡਾਇਰੈਕਟਰ ਡਾ. ਅਵਨੀਸ਼ ਕੁਮਾਰ, ਸਟੀਅਰਿੰਗ ਕਮੇਟੀ ਮੈਂਬਰ ਡਾ. ਆਕਾਸ਼ ਦੀਪ ਅਗਰਵਾਲ ਅਤੇ  ਪੰਜਾਬ ਸਟੇਟ ਅੰਗ ਅਤੇ ਟਿਸ਼ੂ ਟ੍ਰਾਂਸਪਲਾਂਟ ਸੰਗਠਨ ਦੇ ਨੋਡਲ ਅਫਸਰ ਡਾ. ਗਗਨੀਨ ਕੌਰ ਸੰਧੂ ਨੇ ਪ੍ਰਾਪਤ ਕੀਤਾ। ਪੰਜਾਬ ਦੇ ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਇਸ ਮਹੱਤਵਪੂਰਨ ਪ੍ਰਾਪਤੀ ਲਈ ਵਿਭਾਗ ਅਤੇ ਸੰਗਠਨ ਦੀ ਟੀਮ ਨੂੰ  ਵਧਾਈ ਦਿੱਤੀ । ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਅਧੀਨ ਰਾਸ਼ਟਰੀ ਅੰਗ ਅਤੇ ਟਿਸ਼ੂ ਟ੍ਰਾਂਸਪਲਾਂਟ ਸੰਗਠਨ  ਨੇ ਇਸ ਵੱਕਾਰੀ ਪੁਰਸਕਾਰ ਸਮਾਗਮ  ਦਾ ਆਯੋਜਨ ਕੀਤਾ।

-----------------------------------------------------

ਨਵਜਨਮੇ ਬੱਚਿਆਂ ਨੂੰ ਮਾਂ ਦਾ ਦੁੱਧ ਪਿਲਾਉਣ ਬਾਰੇ ਆਲਮੀ ਹਫ਼ਤਾ ਹਰ ਸਾਲ 1 ਤੋਂ 7 ਅਗਸਤ ਤੱਕ ਮਨਾਇਆ ਜਾਂਦਾ ਏ ।

ਜਿਸਦਾ ਉਦੇਸ਼ ਲੋਕਾਂ ਵਿਚ ਨਵਜਨਮੇ ਬੱਚਿਆਂ ਨੂੰ ਦੁੱਧ ਪਿਲਾਉਣ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਇਸ ਲਈ ਮਾਵਾਂ ਨੂੰ ਉਤਸ਼ਾਹਿਤ ਕਰਨਾ ਏ । ਇਸ ਮੌਕੇ ਬਠਿੰਡਾ ਦੇ ਜੱਚਾ-ਬੱਚਾ ਹਸਪਤਾਲ ਅਤੇ ਸਿਵਲ ਹਸਪਤਾਲ ਵਿਖੇ ਛੋਟੇ ਬੱਚਿਆਂ ਦੀਆਂ ਮਾਵਾਂ ਨੂੰ ਜਾਗਰੂਕ ਕੀਤਾ ਗਿਆ । ਓਧਰ ਫਰੀਦਕੋਟ ਤੋਂ ਸਿਵਿਲ ਸਰਜਨ ਡਾਕਟਰ ਚੰਦਰਸ਼ੇਖਰ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਕਿਹਾ ।

***BYTE***

---------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵਿਦਿਆਰਥੀਆਂ ਨੂੰ ਸਫ਼ਾਈ ਦੇ ਦੂਤ ਬਣਨ ਦਾ ਸੱਦਾ ਦਿੱਤਾ ਏ । 'ਪੇਟ ਦੇ ਕੀੜਿਆਂ ਤੋਂ ਰਾਸ਼ਟਰੀ ਮੁਕਤੀ ਦਿਵਸ' ਸਬੰਧੀਂ ਸਿਹਤ ਵਿਭਾਗ ਵੱਲੋਂ ਪਟਿਆਲਾ ਦੇ ਸਰਕਾਰੀ ਸਕੂਲ, ਤ੍ਰਿਪੜੀ ਵਿਖੇ ਕਰਵਾਏ ਸੂਬਾ ਪੱਧਰੀ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ

ਕਿ 19 ਸਾਲ ਦੇ ਸਾਰੇ ਬੱਚਿਆਂ ਤੇ ਕਿਸ਼ੋਰਾਂ ਨੂੰ ਪੇਟ ਦੇ ਕੀੜਿਆਂ ਤੋਂ ਮੁਕਤ ਕਰਨ ਦਾ ਟੀਚਾ ਮਿਥਿਆ ਗਿਆ ਏ। ਸਿਹਤ ਮੰਤਰੀ ਨੇ ਕਿਹਾ ਕਿ ਅੱਜ ਅਲਬੈਂਡਾਜੋਲ ਦੀ ਦਵਾਈ ਬੱਚਿਆਂ ਨੂੰ ਖਵਾਈ ਜਾ ਰਹੀ ਏ ਅਤੇ 14 ਅਗਸਤ ਨੂੰ ਮੋਪ-ਅੱਪ ਦਿਵਸ ਵੀ ਮਨਾਇਆ ਜਾਵੇਗਾ। ਇਸ ਲਈ ਸੂਬੇ ਦੇ ਸਾਰੇ ਸਰਕਾਰੀ, ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਇਹ ਗੋਲੀ ਖੁਆਉਣ ਲਈ ਕਰੀਬ 73 ਲੱਖ ਗੋਲੀਆਂ ਦੀ ਵੰਡ ਕੀਤੀ ਗਈ ਏ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਬੱਚਿਆਂ ਨੂੰ ਪੇਟ ਦੇ ਕੀੜਿਆਂ ਕਰਕੇ ਬਹੁਤ ਬਿਮਾਰੀਆਂ ਲੱਗਦੀਆਂ ਹਨ ਤੇ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਏ , ਇਸ ਲਈ ਸਾਲ ਵਿੱਚ ਦੋ ਵਾਰ ਅਲਬੈਂਡਾਂਜੋਲ ਦੀ ਗੋਲੀ ਖੁਵਾਈ ਜਾਂਦੀ ਏ। ਉਨ੍ਹਾਂ ਨੇ ਬੱਚਿਆਂ ਨੂੰ ਸਫ਼ਾਈ ਦੇ ਦੂਤ ਬਣਨ ਦਾ ਸੱਦਾ ਦਿੰਦਿਆਂ ਕਿਹਾ ਕਿ ਆਪਦੇ ਆਲੇ-ਦੁਆਲੇ ਨੂੰ ਸਾਫ਼ ਸੁਥਰਾ ਬਣਾਉਣ ਵਾਲੇ ਵਿਦਿਆਰਥੀਆਂ, ਅਧਿਆਪਕਾਂ ਤੇ ਸਿਹਤ ਵਰਕਰਾਂ ਨੂੰ ਉਨ੍ਹਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।

---------------------------------------------------

ਪੰਜਾਬ ਸਰਕਾਰ ਨੇ ਪਿਛਲੇ ਇੱਕ ਸਾਲ ਦੇ ਸਮੇਂ ਦੌਰਾਨ ਉਮਰ ਕੈਦ ਦੀ ਸਜ਼ਾ ਭੁਗਤ ਰਹੇ ਚੰਗੇ ਆਚਰਨ ਦੇ ਧਾਰਨੀ 108 ਕੈਦੀਆਂ ਪ੍ਰਤੀ ਹਮਦਰਦੀ ਜਤਾਉਂਦਿਆਂ ਉਨ੍ਹਾਂ ਨੂੰ ਅਗਾਊਂ ਰਿਹਾਅ ਕਰਨ ਦੀ ਪਹਿਲਕਦਮੀ ਕੀਤੀ ਏ । ਪੰਜਾਬ ਦੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਕਦਮ ਚੰਗੇ ਆਚਰਨ ਵਾਲੇ ਕੈਦੀਆਂ ਨੂੰ ਮੁੜਵਸੇਬੇ ਦਾ ਮੌਕਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਚੁੱਕਿਆ ਗਿਆ ਏ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਕਦਮ ਨਾਲ ਸਬੰਧਤਾਂ ਨੂੰ ਮੁੜਵਸੇਬੇ ਅਤੇ ਸਮਾਜ ਵਿੱਚ ਮੁੜ ਏਕੀਕਰਨ ਲਈ ਇੱਕ ਮੌਕਾ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਸਰਕਾਰ ਦੀ ਵਿਆਪਕ ਰਣਨੀਤੀ ਦਾ ਹਿੱਸਾ ਏ  ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਨਿਆਂ ਪ੍ਰਣਾਲੀ ਨਾ ਸਿਰਫ਼ ਸਜ਼ਾ ਦਿੰਦੀ ਹੈ, ਸਗੋਂ ਵਿਅਕਤੀਆਂ ਨੂੰ ਸਮਾਜ ਵਿੱਚ ਮੁੜ ਸਥਾਪਿਤ ਕਰਦੀ ਹੈ ਅਤੇ ਮੁੜ ਏਕੀਕਰਨ ਵੀ ਕਰਦੀ ਹੈ।

---------------------------------------------------

ਪੰਜਾਬ ਪੁਲਿਸ ਨੂੰ ਅੱਜ ਸੂਬੇ ਦੇ ਸਰਹੱਦੀ ਜ਼ਿਲਿਆਂ ਤਰਨਤਾਰਨ ਅਤੇ ਅੰਮ੍ਰਿਤਸਰ ਵਿਚ ਦੋ ਵੱਡੀਆਂ  ਕਾਰਵਾਈਆਂ ਵਿਚ ਸਫਲਤਾ ਮਿਲੀ ਏ। ਤਰਨ ਤਾਰਨ ਵਿਚ  ਕਾਰਵਾਈ ਕਰਦਿਆਂ ਪੁਲਿਸ ਵਲੋਂ ਪਾਕਿਸਤਾਨ ਸਥਿਤ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਸੰਚਾਲਕ ਅਤੇ ਪਾਕਿਸਤਾਨ ਦੀ ISI ਦੀ ਹਮਾਇਤ ਪ੍ਰਾਪਤ ਦਹਿਸ਼ਤਗਰਦ ਵਲੋਂ ਪੰਜਾਬ ਵਿਚ ਸ਼ਾਂਤੀ ਨੂੰ ਭੰਗ ਕਰਨ ਲਈ  ਰਚੀ ਗਈ ਇੱਕ ਵੱਡੀ ਸਾਜ਼ਿਸ਼ ਨੂੰ ਸਫਲਤਾਪੂਰਵਕ ਨਾਕਾਮ ਕਰ ਦਿੱਤਾ ਗਿਆ  ਏ। ਪੁਲਿਸ ਸੂਤਰਾਂ ਮੁਤਾਬਿਕ ਤਰਨਤਾਰਨ ਪੁਲਿਸ ਨੇ ਇੱਕ ਤਲਾਸ਼ੀ ਮੁਹਿੰਮ ਦੌਰਾਨ ਧਮਾਕਾ ਕਰਨ ਲਈ ਵਰਤੀ ਜਾਂਦੀ IED ਬਰਾਮਦ ਕਰਕੇ ਉਸਨੂੰ  ਨੂੰ ਨਸ਼ਟ ਕਰ ਦਿੱਤਾ ਏ। ਓਧਰ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਓਹਨਾ ਕੋਲੋਂ 7 ਪਿਸਤੌਲ ਬਰਾਮਦ ਕੀਤੇ ਨੇ। ਪੁਲਿਸ ਸੂਤਰਾਂ ਨੇ ਦਸਿਆ ਏ ਕਿ ਖੁਫੀਆ ਜਾਣਕਾਰੀ ਤਹਿਤ ਕਾਰਵਾਈ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਇਹ ਮੁਲਜ਼ਮ ਪਾਕਿਸਤਾਨ-ਅਧਾਰਤ

ਤਸਕਰਾਂ ਦੇ ਸੰਪਰਕ ਵਿੱਚ ਨੇ ਅਤੇ ਭਾਰਤ-ਪਾਕਿਸਤਾਨ ਸਰਹੱਦ ਦੇ ਨੇੜੇ ਗੈਰ-ਕਾਨੂੰਨੀ ਹਥਿਆਰਾਂ ਦੀ ਖੇਪ ਪ੍ਰਾਪਤ ਕਰਦੇ ਸਨ। ਸਰਹੱਦੀ ਪਿੰਡਾਂ ਤੋਂ ਕੰਮ ਕਰਦੇ ਹੋਏ, ਇਹ ਨੈੱਟਵਰਕ ਪੰਜਾਬ ਵਿੱਚ ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕਰਦਾ ਸੀ।

---------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਕਿਸਾਨਾਂ ਦੀ ਭਲਾਈ, ਉਨ੍ਹਾਂ ਦੀ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਏ ਉਨ੍ਹਾਂ ਕਿਸਾਨਾਂ ਦੀ ਆਮਦਨ ਵਧਾਉਣ ਦੇ ਆਪਣੇ ਸੰਕਲਪ ਨੂੰ ਦੁਹਰਾਇਆ।

- ਦੇਸ਼ ਅੱਜ ਭਾਰਤ ਦੀ ਅਮੀਰ ਹੱਥਖੱਡੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਲਈ 11ਵਾਂ ਰਾਸ਼ਟਰੀ ਹੱਥਖੱਡੀ ਦਿਵਸ ਮਨਾ ਰਿਹਾ ਏ।

- ਪੰਜਾਬ ਨੂੰ ਹਾਲ ਹੀ ਵਿੱਚ ਨਵੀਂ ਦਿੱਲੀ ਵਿਖੇ 'ਅੰਗ ਦਾਨ ਅਤੇ ਟ੍ਰਾਂਸਪਲਾਂਟੇਸ਼ਨ ਵਿੱਚ ਉੱਭਰਦੇ ਸੂਬੇ ' ਵਜੋਂ ਕੀਤਾ ਗਿਆ ਸਨਮਾਨਿਤ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵਲੋਂ ਵਿਦਿਆਰਥੀਆਂ ਨੂੰ ਸਫ਼ਾਈ ਦੇ ਦੂਤ ਬਣਨ ਦਾ ਸੱਦਾ।

- ਪੰਜਾਬ ਸਰਕਾਰ ਨੇ ਇੱਕ ਸਾਲ ਦੌਰਾਨ ਚੰਗੇ ਆਚਰਨ ਵਾਲੇ 108 ਕੈਦੀਆਂ ਨੂੰ ਅਗਾਊਂ ਰਿਹਾਈ ਦਿੱਤੀ।

- ਪੰਜਾਬ ਪੁਲਿਸ ਨੂੰ ਅੱਜ ਸੂਬੇ ਦੇ ਸਰਹੱਦੀ ਜ਼ਿਲਿਆਂ ਤਰਨਤਾਰਨ ਅਤੇ ਅੰਮ੍ਰਿਤਸਰ ਵਿਚ ਦੋ ਵੱਡੀਆਂ ਕਾਰਵਾਈਆਂ ਵਿਚ ਮਿਲੀ ਸਫਲਤਾ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**